# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 20-09-2025**

ਸੂਚਨਾ ਅਤੇ ਪ੍ਰਸਾਰਣ ਮੰਤਰਾਲਾ ਕਾਰਜ ਸਥਾਨ ਦੇ ਵਾਤਾਵਰਣ ਨੂੰ ਬਿਹਤਰ ਬਣਾਉਣ ਅਤੇ ਦਫਤਰਾਂ ਵਿੱਚ ਸਫਾਈ ਨੂੰ ਉਤਸ਼ਾਹਿਤ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਦਾ ਪੰਜਵਾਂ ਗੇੜ ਸ਼ੁਰੂ ਕਰ ਰਿਹਾ ਏ। ਇਹ ਮੁਹਿੰਮ 2 ਅਕਤੂਬਰ ਨੂੰ ਸ਼ੁਰੂ ਹੋਵੇਗੀ ਅਤੇ ਪੂਰੇ ਮਹੀਨੇ ਤੱਕ ਜਾਰੀ ਰਹੇਗੀ |ਸ਼ੁਰੂਆਤੀ ਗੇੜ ਵਿੱਚ, ਮੁੱਖ ਸਕੱਤਰੇਤ ਸਮੇਤ ਸਾਰੀਆਂ ਮੀਡੀਆ ਇਕਾਈਆਂ ਨੂੰ ਟੀਚਿਆਂ ਨੂੰ ਅੰਤਿਮ ਰੂਪ ਦੇਣ, ਬਕਾਇਆਂ ਹਵਾਲਿਆਂ ਦੀ ਪਛਾਣ ਕਰਨ ਅਤੇ ਸਫਾਈ ਅਤੇ ਜਗ੍ਹਾ ਪ੍ਰਬੰਧਨ ਵਿੱਚ ਸੁਧਾਰ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ। ਇਹ ਰਿਕਾਰਡ ਪ੍ਰਬੰਧਨ, ਪੁਰਾਣੀਆਂ ਸਮੱਗਰੀਆਂ ਦੇ ਨਿਪਟਾਰੇ, ਈ-ਕੂੜੇ ਅਤੇ ਦਫਤਰ ਦੇ ਸੁੰਦਰੀਕਰਨ 'ਤੇ ਕੇਂਦ੍ਰਿਤ ਹੋਵੇਗਾ।

---------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ 75ਵੇਂ ਜਨਮਦਿਨ ਨੂੰ ਮਨਾਉਣ ਲਈ, ਰਾਸ਼ਟਰੀ ਪੁਰਸਕਾਰ ਜੇਤੂ ਫਿਲਮ "ਚਲੋ ਜੀਤੇ ਹੈਂ" ਦੇਸ਼ ਭਰ ਦੇ ਲੱਖਾਂ

ਸਕੂਲਾਂ ਅਤੇ ਲਗਭਗ 500 ਸਿਨੇਮਾਘਰਾਂ ਵਿੱਚ ਦਿਖਾਈ ਜਾ ਰਹੀ ਏ। ਇਹ ਫਿਲਮ ਪ੍ਰਧਾਨ ਮੰਤਰੀ ਮੋਦੀ ਦੇ ਬਚਪਨ ਦੀ ਇੱਕ ਘਟਨਾ ਤੋਂ ਪ੍ਰੇਰਿਤ ਏ। ਫਿਲਮ ਵਿੱਚ, ਇੱਕ ਕਿਸ਼ੋਰ ਨਾਰੂ, ਸਵਾਮੀ ਵਿਵੇਕਾਨੰਦ ਦੇ ਦਰਸ਼ਨ ਤੋਂ ਪ੍ਰੇਰਿਤ, ਆਪਣੀ ਛੋਟੀ ਜਿਹੀ ਦੁਨੀਆ ਵਿੱਚ ਬਦਲਾਅ ਲਿਆਉਣ ਦੀ ਕੋਸ਼ਿਸ਼ ਕਰਦਾ ਏ। ਇਸ ਬਾਰੇ ਲੁਧਿਆਣਾ ਜ਼ਿਲੇ ਤੋਂ BJP ਦੇ ਅਨਿਲ ਸਰੀਨ ਅਤੇ ਪ੍ਰਵੀਨ ਬਾਂਸਲ ਨੇ ਕਿਹਾ।

BYTE

---------------------------------------------------------------------------

ਕੇਂਦਰੀ ਸਿੱਖਿਆ ਅਤੇ ਵਿਕਾਸ ਰਾਜ ਮੰਤਰੀ ਸੁਕਾਨਤਾ ਮਜੂਮਦਾਰ ਨੇ ਅਜਨਾਲਾ ਦੇ ਹੜ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ ਅਤੇ ਪ੍ਰਭਾਵਿਤ ਲੋਕਾਂ ਦੀਆਂ ਸੱਮਸਿਆਵਾਂ ਸੁਣੀਆਂ | ਉਹਨਾਂ ਕਿਸਾਨਾਂ ਦੀ ਤਬਾਹ ਹੋਈ ਫਸਲ, ਘਰਾਂ ਨੂੰ ਹੋਏ ਨੁਕਸਾਨ ਅਤੇ ਸਰਕਾਰੀ ਸਕੂਲਾਂ ਦੇ ਹਾਲਤ ਦਾ ਜਾਇਜ਼ਾ ਵੀ ਲਿਆ। ਸ੍ਰੀ ਮਜੂਮਦਾਰ ਨੇ ਕਿਹਾ ਕਿ ਕੇਂਦਰ ਸਰਕਾਰ, ਪੰਜਾਬ ਦੇ ਲੋਕਾਂ ਦੇ ਨਾਲ ਖੜ੍ਹੀ ਏ। ਹੜ ਪ੍ਰਭਾਵਿਤ ਇਲਾਕਿਆਂ ਦੇ ਮੁੜ ਵਸੇਬੇ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਕੇਂਦਰ ਸਰਕਾਰ ਵੱਲੋਂ 1600 ਕਰੋੜ ਰੁਪਏ ਦਾ ਖਾਸ ਪੈਕੇਜ ਜਾਰੀ ਕੀਤਾ ਗਿਆ ਏ। ਮੰਤਰੀ ਨੇ ਭਰੋਸਾ ਦਿਵਾਇਆ ਕਿ ਪੰਜਾਬ ਨੂੰ ਮੁੜ ਆਪਣੇ ਪੈਰਾਂ ‘ਤੇ ਖੜ੍ਹਾ ਕਰਨ

ਲਈ ਕੇਂਦਰ ਸਰਕਾਰ ਪੂਰੀ ਤਰ੍ਹਾਂ ਨਾਲ ਦੇਵੇਗੀ। ਸਿੱਖਿਆ ਖੇਤਰ ‘ਤੇ ਹੜ ਦੇ ਪ੍ਰਭਾਵ ਬਾਰੇ ਗੱਲ ਕਰਦਿਆਂ ਰਾਜ ਮੰਤਰੀ ਨੇ ਕਿਹਾ ਕਿ ਜਿਹੜੇ ਸਰਕਾਰੀ ਸਕੂਲ ਹੜ ਕਰਕੇ ਨੁਕਸਾਨੇ ਗਏ ਨੇ ਉਹਨਾਂ ਨੂੰ ਸਰਵ ਸਿੱਖਿਆ ਮਿਸ਼ਨ ਤਹਿਤ ਮੁੜ ਤਿਆਰ ਕੀਤਾ ਜਾਵੇਗਾ। ਇਸ ਨਾਲ ਬੱਚਿਆਂ ਦੀ ਪੜ੍ਹਾਈ ਪ੍ਰਭਾਵਿਤ ਨਹੀਂ ਹੋਣ ਦਿੱਤੀ ਜਾਵੇਗੀ ਮੰਤਰੀ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਹਨਾਂ ਦੀਆਂ ਮੁਸ਼ਕਲਾਂ ਨੂੰ ਕੇਂਦਰ ਸਰਕਾਰ ਤਰਜੀਹ ਦੇ ਨਾਲ ਹੱਲ ਕਰੇਗੀ।

---------------------------------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕੱਲ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਲੋਕਾਂ ਨੂੰ ਡਾਕਟਰੀ ਸੇਵਾਵਾਂ ਪ੍ਰਦਾਨ ਕਰਨ ਲਈ ਮੋਹਾਲੀ ਤੋਂ ਤਿੰਨ ਐਂਬੂਲੈਂਸਾਂ ਨੂੰ ਝੰਡੀ ਦੇ ਕੇ ਰਵਾਨਾ ਕੀਤਾ। ਉਨ੍ਹਾਂ ਦੱਸਿਆ ਕਿ ਅਗਲੇ 45 ਦਿਨਾਂ ਲਈ ਮੁਫ਼ਤ ਡਾਕਟਰੀ ਜਾਂਚ ਕੀਤੀ ਜਾਵੇਗੀ ਅਤੇ ਦਵਾਈਆਂ ਵੰਡੀਆਂ ਜਾਣਗੀਆਂ ਅਤੇ ਗੰਭੀਰ ਮਾਮਲਿਆਂ ਵਾਲੇ ਮਰੀਜ਼ਾਂ ਨੂੰ ਇਲਾਜ ਲਈ ਨੇੜਲੇ ਸਿਹਤ ਸੰਭਾਲ ਕੇਂਦਰਾਂ ਵਿੱਚ ਭੇਜਿਆ ਜਾਵੇਗਾ। ਵਿੱਤ ਮੰਤਰੀ ਨੇ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਮਜ਼ਬੂਤ ਅਤੇ ਖੁਸ਼ਹਾਲ ਬਣਾਉਣ ਦੇ ਇਰਾਦੇ ਨਾਲ ਹੜ੍ਹ ਪ੍ਰਭਾਵਿਤ ਵਿਅਕਤੀਆਂ ਦੀ ਸਹਾਇਤਾ ਲਈ ਸਾਰੇ ਸੰਭਵ ਕਦਮ ਚੁੱਕੇ

ਜਾਣਗੇ। ਓਧਰ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਫ਼ਾਜ਼ਿਲਕਾ ਜ਼ਿਲ੍ਹੇ ਦਾ ਦੌਰਾ ਕੀਤਾ ਅਤੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਸਰਕਾਰ ਨੇ 45 ਦਿਨਾਂ ਦੇ ਅੰਦਰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਜੀਵਨ ਨੂੰ ਮੁੜ ਲੀਹ `ਤੇ ਲਿਆਉਣ ਦਾ ਟੀਚਾ ਰੱਖਿਆ । ਡਾ. ਬਲਬੀਰ ਸਿੰਘ ਨੇ ਮਿਸ਼ਨ ਚੜ੍ਹਦੀ ਕਲਾ ਬਾਰੇ ਕਿਹਾ ਕਿ ਸਾਡੇ ਪੰਜਾਬੀ ਹਮੇਸ਼ਾ ਦੂਜਿਆਂ ਦੀ ਮਦਦ ਕਰਨ ਲਈ ਜਾਣੇ ਜਾਂਦੇ ਨੇ। ਉਨ੍ਹਾਂ ਨੇ ਗੈਰ-ਸਰਕਾਰੀ ਸੰਗਠਨਾਂ ਨੂੰ ,ਲੋਕਾਂ ਦੇ ਮਾਨਸਿਕ ਅਤੇ ਸਮਾਜਿਕ ਪੱਧਰ ਨੂੰ ਉੱਚਾ ਚੁੱਕਣ ਲਈ ਇੱਕ ਪਿੰਡ ਗੋਦ ਲੈਣ ਦੀ ਅਪੀਲ ਕੀਤੀ ।

---------------------------------------------------------------------------

ਪੰਜਾਬ ਦੀ ਕਿਸਾਨ ਸਹਿਕਾਰੀ ਸੰਸਥਾ ਮਿਲਕਫੈੱਡ ਦੇ ਇੱਕ ਭਰੋਸੇਮੰਦ ਬ੍ਰਾਂਡ ਵੇਰਕਾ ਵੱਲੋਂ ਆਪਣੇ ਦੁੱਧ ਅਤੇ ਦੁੱਧ ਤੋ ਬਣੇ ਉਤਪਾਦਾਂ ਦੀ ਪ੍ਰਸਿੱਧ ਸ਼੍ਰੇਣੀ ਦੀਆਂ ਕੀਮਤਾਂ ਵਿੱਚ ਮਹੱਤਵਪੂਰਨ ਕਟੌਤੀ ਦਾ ਐਲਾਨ ਕੀਤਾ ਗਿਆ ਏ । ਸੋਧੀਆਂ ਕੀਮਤਾਂ 22 ਸਤੰਬਰ ਦੀ ਸਵੇਰ ਤੋਂ ਲਾਗੂ ਹੋਣਗੀਆਂ। ਇਹ ਕੀਮਤਾਂ ਭਾਰਤ ਸਰਕਾਰ ਦੇ ਜੀ.ਐਸ.ਟੀ ਸੁਧਾਰਾਂ ਮੁਤਾਬਕ ਹੋਣਗੀਆਂ, ਜਿਸ ਤਹਿਤ ਜ਼ਰੂਰੀ ਡੇਅਰੀ ਉਤਪਾਦਾਂ 'ਤੇ ਟੈਰਿਫ ਘਟਾਏ ਗਏ ਨੇ। ਅਜਿਹੇ ਉਪਾਅ ਸੂਬੇ ਦੇ ਸਹਿਕਾਰੀ ਮਾਡਲ ਨੂੰ ਹੋਰ ਮਜ਼ਬੂਤ ਕਰਨਗੇ ਅਤੇ ਪੰਜਾਬ ਦੇ ਲੋਕਾਂ ਲਈ ਕਾਫੀ ਲਾਹੇਵੰਦ ਸਿੱਧ

ਹੋਣਗੇ। ਨਵੀਂਆਂ ਕੀਮਤਾਂ ਮੁਤਾਬਿਕ ਖਪਤਕਾਰਾਂ ਨੂੰ ਵੇਰਕਾ ਘਿਓ 30 ਤੋਂ 35 ਰੁਪਏ ਪ੍ਰਤੀ ਕਿਲੋਗ੍ਰਾਮ ਸਸਤਾ ਮਿਲੇਗਾ । ਉਨ੍ਹਾਂ ਕਿਹਾ ਕਿ ਟੇਬਲ ਬਟਰ ਦੀ ਕੀਮਤ 30 ਰੁਪਏ ਪ੍ਰਤੀ ਕਿਲੋਗ੍ਰਾਮ, ਅਨ-ਸਾਲਟੇਡ ਬਟਰ ਦੀ ਕੀਮਤ 35 ਰੁਪਏ ਪ੍ਰਤੀ ਕਿਲੋਗ੍ਰਾਮ, ਪ੍ਰੋਸੈਸਡ ਪਨੀਰ ਦੀ ਕੀਮਤ 20 ਰੁਪਏ ਪ੍ਰਤੀ ਕਿਲੋਗ੍ਰਾਮ ਅਤੇ  ਸਟੈਂਡਰਡ, ਟੋਨਡ ਅਤੇ ਡਬਲ ਟੋਨਡ ਦੀ ਕੀਮਤ 2 ਰੁਪਏ ਪ੍ਰਤੀ ਲੀਟਰ ਘਟਾਈ ਗਈ ਏ ।  ਆਈਸ ਕਰੀਮ ਵਰਗੇ ਹੋਰ ਉਤਪਾਦਾਂ ਦੀਆਂ ਕੀਮਤਾਂ ਵਿੱਚ ਵੀ 10 ਰੁਪਏ ਪ੍ਰਤੀ ਲੀਟਰ ਅਤੇ ਪਨੀਰ ਦੀ ਕੀਮਤ ਵੀ 15 ਰੁਪਏ ਪ੍ਰਤੀ ਕਿਲੋਗ੍ਰਾਮ ਘਟਾਈ ਗਈ ਏ । ਇਸ ਸੋਧ ਨਾਲ ਲੋਕਾਂ ਨੂੰ ਕਈ ਲਾਭ ਮਿਲਣਗੇ, ਉਤਪਾਦਾਂ ਤੱਕ ਪਹੁੰਚ ਵਧੇਗੀ ਅਤੇ ਖਪਤਕਾਰਾਂ ਦੀ ਮੰਗ ਤੇ ਵਿਕਰੀ ਵਿੱਚ ਵਾਧਾ ਹੋਵੇਗਾ।

--------------------------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਸਰਹੱਦ ਪਾਰ ਨਸ਼ਾ -ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇੱਕ ਨਸ਼ਾ ਤਸਕਰ ਨੂੰ 6 ਕਿਲੋ ਤੋਂ ਵੱਧ ਹੈਰੋਇਨ ਅਤੇ 4 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ ਏ । ਪੁਲਿਸ ਨੇ ਖੁਫੀਆ ਜਾਣਕਾਰੀ ਤਹਿਤ ਇਸਨੂੰ ਗਿਰਫ਼ਤਾਰ ਕੀਤਾ ਏ । ਇੱਕ ਕਾਰਵਾਈ ਵਿੱਚ, ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਕਾਬੂ ਕੀਤਾ ਤਸਕਰ ਸ਼ੰਕਰ ਸਿੰਘ ਗੁਰੂ ਕੀ ਵਡਾਲੀ ਦਾ ਰਹਿਣ ਵਾਲਾ ਏ

ਜੋ ਵਿਦੇਸ਼ੀ ਤਸਕਰਾਂ ਨਾਲ ਸਿੱਧੇ ਸੰਪਰਕ ਵਿੱਚ ਰਿਹਾ ਏ । ਅੰਮ੍ਰਿਤਸਰ ਦਿਹਾਤੀ ਵਿਖੇ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਜਾਰੀ ਕੀਤੀ ਜਾ ਰਹੀ ਏ ।

---------------------------------------------------------------------------